ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫ਼ਤਹਿਗੜ੍ਹ ਸਾਹਿਬ

ਡਿਪਟੀ ਕਮਿਸ਼ਨਰ ਵੱਲੋਂ ਜ਼ਿਲ੍ਹੇ ਵਿਚਲੇ ਚੋਆਂ ਤੇ ਨਾਲਿਆਂ ਦੀ ਸਫਾਈ ਦਾ ਕੰਮ ਬਰਸਾਤਾਂ ਤੋਂ ਪਹਿਲਾਂ ਮੁਕੰਮਲ ਕਰਨ ਦੇ ਆਦੇਸ਼

ਸਫ਼ਾਈ ਕਾਰਜਾਂ ਦੀ ਐਸ.ਡੀ.ਐਮਜ਼ ਖੁਦ ਕਰਨ ਨਿਗਰਾਨੀ

ਸੰਭਾਵੀਂ ਹੜ੍ਹਾਂ ਤੋਂ ਬਚਾਅ ਲਈ ਜ਼ਿਲ੍ਹਾ ਅਤੇ ਸਬ ਡਵੀਜ਼ਨ ਪੱਧਰ 'ਤੇ ਸਥਾਪਤ ਕੀਤੇ ਜਾਣਗੇ ਕੰਟਰੋਲ ਰੂਮ

ਫ਼ਤਹਿਗੜ੍ਹ ਸਾਹਿਬ, 02 ਜੂਨ

ਜ਼ਿਲ੍ਹੇ ਵਿੱਚੋਂ ਲੰਘਦੇ ਚੋਆਂ ਤੇ ਨਾਲਿਆਂ ਦੀ ਸਫ਼ਾਈ ਦਾ ਕੰਮ ਬਰਸਾਤਾਂ ਸ਼ੁਰੂ ਹੋਣ ਤੋਂ ਪਹਿਲਾਂ ਪਹਿਲਾਂ ਮੁਕੰਮਲ ਕੀਤਾ ਜਾਵੇ ਤਾਂ ਜੋ ਆਉਣ ਵਾਲੇ ਬਰਸਾਤੀ ਸੀਜ਼ਨ ਦੌਰਾਨ ਬਰਸਾਤੀ ਪਾਣੀ ਦੀ ਆਸਾਨੀ ਨਾਲ ਨਿਕਾਸੀ ਹੋ ਸਕੇ।ਇਹ ਨਿਰਦੇਸ਼ ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਬੱਚਤ ਭਵਨ, ਫਤਹਿਗੜ੍ਹ ਸਾਹਿਬ ਵਿਖੇ ਸੰਭਾਵੀ ਹੜਾਂ ਤੋਂ ਬਚਾਅ ਸਬੰਧੀ ਕਾਰਜਾਂ ਦਾ ਨਰੀਖਣ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀ ਸੱਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦਿੱਤੇ। ਉਨ੍ਹਾਂ ਇਹ ਵੀ ਆਦੇਸ਼ ਦਿੱਤੇ ਕਿ ਚੋਅ ਅਤੇ ਨਾਲਿਆਂ ਦੀ ਸਫਾਈ ਦਾ ਕੰਮ ਮਗਨਰੇਗਾ ਅਧੀਨ ਕਰਵਾਇਆ ਜਾਵੇ ਤਾਂ ਜੋ ਲੋੜਵੰਦਾਂ ਨੂੰ ਵੱਧ ਤੋਂ ਵੱਧ ਰੋਜ਼ਗਾਰ ਮੁਹੱਈਆ ਕਰਵਾਇਆ ਜਾ ਸਕੇ। ਉਨ੍ਹਾਂ ਨੇ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚੋਂ ਲੰਘਦੀਆਂ ਪ੍ਰਮੁੱਖ ਤੇ ਲਿੰਕ ਸੜਕਾਂ 'ਤੇ ਬਣੇ ਹੋਏ ਪੁਲਾਂ ਤੇ ਪੁਲੀਆਂ ਦੀ ਸਫਾਈ ਵੀ ਯਕੀਨੀ ਬਣਾਈ ਜਾਵੇ।

ਡਿਪਟੀ ਕਮਿਸ਼ਨਰ ਨੇ ਐਸ.ਡੀ.ਐਮਜ਼ ਨੂੰ ਵੀ ਨਿਰਦੇਸ਼ ਦਿੱਤੇ ਕਿ ਉਹ ਸਫਾਈ ਦੇ ਕੰਮ ਦੀ ਖੁਦ ਨਿਗਰਾਨੀ ਕਰਨ ਅਤੇ ਬਰਸਾਤ ਆਉਣ ਤੋਂ ਪਹਿਲਾਂ-ਪਹਿਲਾਂ ਜ਼ਿਲ੍ਹੇ ਵਿੱਚੋਂ ਲੰਘਦੀਆਂ ਸਾਰੀਆਂ ਡਰੇਨਾਂ, ਚੋਆਂ ਆਦਿ ਦੀ ਸਫਾਈ ਦੇ ਕੰਮ ਨੂੰ ਪਹਿਲ ਦੇ ਆਧਾਰ 'ਤੇ ਮੁਕੰਮਲ ਕਰਵਾਇਆ ਜਾਵੇ ਤਾਂ ਜੋ ਬਰਸਾਤ ਦੇ ਮੌਸਮ ਵਿੱਚ ਪਾਣੀ ਦੀ ਨਿਕਾਸੀ ਨਿਰਵਿਘਨ ਹੋ ਸਕੇ।

ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਨੂੰ ਸੰਭਾਵੀ ਹੜ੍ਹਾਂ ਦੇ ਮੱਦੇਨਜ਼ਰ ਲੋੜੀਂਦਾ ਸਮਾਨ, ਕਿਸ਼ਤੀਆਂ, ਚੱਪੂ, ਲਾਈਫ ਜੈਕਟਾਂ , ਟੈਂਟ, ਬਾਂਸ, ਪੌਲੀਥੀਨ ਸ਼ੀਟਾਂ, ਤਰਪਾਲਾਂ ਅਤੇ ਸਰਚ ਲਾਈਟਾਂ ਦਾ ਪ੍ਰਬੰਧ ਕਰਨ ਲਈ ਵੀ ਕਿਹਾ। ਉਨ੍ਹਾਂ ਨੇ ਜ਼ਿਲ੍ਹਾ ਖੁਰਾਕ ਸਪਲਾਈ ਵਿਭਾਗ ਦੇ ਅਧਿਕਾਰੀਆਂ ਨੂੰ ਕਿਸੇ ਵੀ ਅਣਸੁਖਾਵੀਂ ਘਟਨਾ ਮੌਕੇ ਖਾਣ ਪੀਣ ਦੇ ਸਮਾਨ ਦਾ ਪ੍ਰਬੰਧ ਕਰਨ ਲਈ ਕਿਹਾ। ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਬਰਸਾਤ ਦੇ ਮੌਸਮ ਤੋਂ ਪਹਿਲਾਂ ਬਿਮਾਰੀਆਂ ਫੈਲਣ ਤੋਂ ਰੋਕਣ ਲਈ ਪੁਖ਼ਤਾ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ ਗਏ।

ਸ੍ਰੀਮਤੀ ਗਿੱਲ ਨੇ ਹੜ੍ਹ ਆਉਣ ਦੀ ਸਥਿਤੀ ਵਿੱਚ ਪ੍ਰਭਾਵਤ ਵਿਅਕਤੀਆਂ ਨੂੰ ਠਹਿਰਾਉਣ ਲਈ ਢੁਕਵੀਆਂ ਸਰਕਾਰੀ ਬਿਲਡਿੰਗਾਂ ਦੀ ਅਗੇਤੇ ਹੀ ਪਛਾਣ ਕਰਨ ਲਈ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ। ਉਨ੍ਹਾਂ ਨੇ ਵਣ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਬਰਸਾਤੀ ਪਾਣੀ ਦੇ ਨਿਕਾਸ ਵਿੱਚ ਰੁਕਾਵਟ ਪਾਉਣ ਵਾਲੇ ਦਰਖ਼ਤਾਂ ਸਬੰਧੀ ਸਮੱਸਿਆ ਦਾ ਹੱਲ ਯਕੀਨੀ ਬਣਾਇਆ ਜਾਵੇ। ਉਨ੍ਹਾਂ ਨੇ ਐਸ.ਡੀ.ਐਮਜ਼, ਤਹਿਸੀਲਦਾਰ, ਜ਼ਿਲ੍ਹਾ ਖੁਰਾਕ ਅਤੇ ਸਪਲਾਈ ਕੰਟਰੋਲਰ ਅਤੇ ਸਿਹਤ ਵਿਭਾਗ ਨੂੰ ਹੜ੍ਹ ਆਉਣ ਦੀ ਸਥਿਤੀ ਵਿੱਚ ਰਾਹਤ ਕੈਂਪ ਲਗਾਉਣ ਲਈ ਵੀ ਪ੍ਰਬੰਧ ਕਰਨ ਵਾਸਤੇ ਕਿਹਾ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਜ਼ਿਲ੍ਹਾ ਅਤੇ ਤਹਿਸੀਲ ਪੱਧਰ 'ਤੇ ਕੰਟਰੋਲ ਰੂਮ ਬਨਾਉਣ ਦੇ ਵੀ ਆਦੇਸ਼ ਦਿੱਤੇ।

ਮਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰਿਤਾ ਜੌਹਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਮਰੀਕ ਸਿੰਘ, ਐਸ.ਡੀ.ਐਮ. ਫ਼ਤਹਿਗੜ੍ਹ ਸਾਹਿਬ ਡਾ. ਸੰਜੀਵ ਕੁਮਾਰ, ਐਸ.ਡੀ.ਐਮ. ਅਮਲੋਹ ਆਨੰਦ ਸਾਗਰ ਸ਼ਰਮਾ, ਐਸ.ਡੀ.ਐਮ. ਬਸੀ ਪਠਾਣਾ ਪਵਿੱਤਰ ਸਿੰਘ, ਐਸ.ਡੀ.ਐਮ. ਖਮਾਣੋਂ ਪਰਮਜੀਤ ਸਿੰਘ, ਸਹਾਇਕ ਕਮਿਸ਼ਨਰ (ਜ) ਜਸਪ੍ਰੀਤ ਸਿੰਘ, ਜ਼ਿਲ੍ਹਾ ਮਾਲ ਅਫ਼ਸਰ ਮਨਜੀਤ ਸਿੰਘ ਰਾਜਲਾ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

ਕੈਪਸ਼ਨ: ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ, ਬੱਚਤ ਭਵਨ ਵਿਖੇ ਬਰਸਾਤੀ ਮੌਸਮ ਦੌਰਾਨ ਸੰਭਾਵੀ ਹੜ੍ਹਾਂ ਤੋਂ ਬਚਾਅ ਸਬੰਧੀ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਮਿਸ਼ਨ ਫ਼ਤਿਹ: ਜ਼ਿਲ੍ਹੇ ਵਿੱਚ ਹੁਣ ਤੱਕ ਕੋਰੋਨਾ ਸਬੰਧੀ 4061 ਸੈਂਪਲ ਲਏ

3649 ਸੈਂਪਲ ਆਏ ਨੈਗੇਟਿਵ; 348 ਦੀ ਰਿਪੋਰਟ ਪੈਂਡਿੰਗ

ਪਾਜ਼ੇਟਿਵ ਪਾਏ ਗਏ 64 ਵਿਅਕਤੀਆਂ ਵਿੱਚੋਂ 57 ਇਲਾਜ ਉਪਰੰਤ ਘਰਾਂ ਨੂੰ ਪਰਤੇ

ਫ਼ਤਹਿਗੜ੍ਹ ਸਾਹਿਬ, 02 ਜੂਨ

'ਮਿਸ਼ਨ ਫ਼ਤਿਹ: ਪੰਜਾਬ ਫਾਈਟਸ ਕੋਰੋਨਾ' ਤਹਿਤ ਪੰਜਾਬ ਸਰਕਾਰ ਵੱਲੋਂ ਕੋਰੋਨਾ 'ਤੇ ਫ਼ਤਿਹ ਪਾਉਣ ਲਈ ਦਿਨ ਰਾਤ ਇਕ ਕਰ ਕੇ ਕੰਮ ਕੀਤਾ ਜਾ ਰਿਹਾ ਹੈ ਤੇ ਜ਼ਿਲ੍ਹੇ ਵਿੱਚ ਹੁਣ ਤੱਕ ਕੋਰੋਨਾ ਸਬੰਧੀ 4061 ਸੈਂਪਲ ਲਏ ਜਾ ਚੁੱਕੇ ਹਨ, ਜਿਨ੍ਹਾਂ ਵਿੱਚੋਂ 3,649 ਨੈਗੇਟਿਵ ਆਏ ਹਨ ਤੇ 348 ਦੀ ਰਿਪੋਰਟ ਪੈਂਡਿੰਗ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ 64 ਵਿਅਕਤੀ ਕੋਰੋਨਾ ਪਾਜ਼ੇਟਿਵ ਪਾਏ ਗਏ ਹਨ, ਜਿਨ੍ਹਾਂ ਵਿੱਚੋਂ 57 ਵਿਅਕਤੀ ਇਲਾਜ ਉਪਰੰਤ ਘਰਾਂ ਨੂੰ ਪਰਤ ਚੁੱਕੇ ਹਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੋਰੋਨਾ ਤੋਂ ਬਚਾਅ ਸਬੰਧੀ ਦਿਨ ਰਾਤ ਇੱਕ ਕਰ ਕੇ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੋਰੋਨਾ ਤੋਂ ਬਚਾਅ ਸਬੰਧੀ ਮਾਸਕ ਪਾਉਣ, ਸਮਾਜਕ ਵਿੱਥ ਰੱਖਣ ਅਤੇ ਵਾਰ ਵਾਰ ਹੱਥ ਧੋਣ ਜਾਂ ਸੈਨੇਟਾਈਜ਼ ਕਰਨ ਸਬੰਧੀ ਢਿੱਲ ਨਹੀਂ ਕਰਨੀ ਚਾਹੀਦੀ। ਉਨ੍ਹਾਂ ਕਿਹਾ ਕਿ ਬਿਨਾਂ ਮਾਸਕ ਲਾਏ ਜਾਂ ਮੂੰਹ ਢਕੇ ਬਿਨਾਂ ਘਰੋਂ ਬਾਹਰ ਨਿਕਲਣ ਜਾਂ ਸਮਾਜਕ ਵਿੱਥ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਾਨੂੰਨ ਮੁਤਾਬਕ ਕਾਰਵਾਈ ਕੀਤੀ ਜਾ ਰਹੀ ਹੈ।

ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇਨ ਬਿਨ ਪਾਲਣਾ ਯਕੀਨੀ ਬਣਾਉਂਦਿਆਂ ਕੋਰੋਨਾ ਖਿਲਾਫ ਜੰਗ ਫ਼ਤਿਹ ਕਰਨ ਵਿੱਚ ਪੰਜਾਬ ਸਰਕਾਰ ਨੂੰ ਸਹਿਯੋਗ ਦੇਣ।

ਕੈਪਸ਼ਨ:-ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਜ਼ਿਲ੍ਹੇ ਵਿੱਚ ਕੋਰੋਨਾ ਸਬੰਧੀ ਲਏ ਸੈਂਪਲਾਂ ਬਾਰੇ ਜਾਣਕਾਰੀ ਦਿੰਦੇ ਹੋਏ।

- 'ਮਿਸ਼ਨ ਫ਼ਤਿਹ: ਪੰਜਾਬ ਫਾਈਟਸ ਕੋਰੋਨਾ' ਦਾ ਲੋਗੋ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਮਿਸ਼ਨ ਫ਼ਤਿਹ: ਕੋਰੋਨਾ ਤੋਂ ਬਚਾਅ ਲਈ ਵਿਸ਼ੇਸ਼ ਮਸ਼ੀਨ ਜ਼ਰੀਏ ਸੈਨੇਟਾਈਜ਼ੇਸ਼ਨ ਮੁਹਿੰਮ ਜ਼ੋਰਾਂ 'ਤੇ

ਵਿਧਾਇਕ ਕੁਲਜੀਤ ਸਿੰਘ ਨਾਗਰਾ ਦੇ ਯਤਨਾਂ ਸਦਕਾ ਨਗਰ ਕੌਂਸਲ ਸਰਹਿੰਦ ਵੱਲੋਂ ਆਧੁਨਿਕ ਸੈਨੇਟਾਈਜ਼ੇਸ਼ਨ ਮਸ਼ੀਨ ਨਾਲ ਕੀਤਾ ਜਾ ਰਿਹਾ ਹੈ
ਡਿਸਇਨਫੈਕਟਰ ਦਾ ਛਿੜਕਾਅ

ਕੋਰੋਨਾ ਤੋਂ ਬਚਾਅ ਸਬੰਧੀ ਸਾਵਧਾਨੀਆਂ ਵਰਤਣ ਦੀ ਅਪੀਲ

ਫ਼ਤਹਿਗੜ੍ਹ ਸਾਹਿਬ, 02 ਜੂਨ

ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕੋਰੋਨਾ ਵਾਇਰਸ ਨੂੰ ਮਾਤ ਦੇਣ ਲਈ ਸ਼ੁਰੂ ਕੀਤੇ 'ਮਿਸ਼ਨ ਫ਼ਤਿਹ: ਪੰਜਾਬ ਫਾਈਟਸ ਕੋਰੋਨਾ' ਤਹਿਤ ਹਲਕਾ ਫ਼ਤਹਿਗੜ੍ਹ ਸਾਹਿਬ ਵਿੱਖ ਵੱਖ-ਵੱਖ ਥਾਈਂ ਡਿਸਇਨਫੈਕਟਰ ਦਾ ਛਿੜਕਾਅ ਕੀਤਾ ਜਾ ਰਿਹਾ ਹੈ ਅਤੇ ਨਾਲ ਹੀ ਲੋਕਾਂ ਨੂੰ ਕੋਰੋਨਾ ਤੋਂ ਬਚਾਅ ਸਬੰਧੀ ਸਾਵਧਾਨੀਆਂ ਦੀ ਪਾਲਣਾ ਪ੍ਰਤੀ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ ਨੇ ਕਿਹਾ ਕਿ ਪੰਜਾਬ ਸਰਕਾਰ ਦਿਨ ਰਾਤ ਇੱਕ ਕਰ ਕੇ ਕੋਰੋਨਾ ਖ਼ਿਲਾਫ਼ ਜੰਗ ਲੜ ਰਹੀ ਹੈ। ਇਸੇ ਤਹਿਤ ਹੀ ਟਰੱਕ ਵਿੱਚ ਫਿੱਟ ਵਿਸ਼ੇਸ਼ ਸੈਨੇਟਾਈਜ਼ੇਸ਼ਨ ਮਸ਼ੀਨ ਨਗਰ ਕੌਂਸਲ ਸਰਹਿੰਦ ਨੂੰ ਦਿੱਤੀ ਗਈ ਹੈ, ਜਿਸ ਦੀ ਵਰਤੋਂ ਨਾਲ ਵੱਧ ਤੋਂ ਵੱਧ ਇਲਾਕੇ ਵਿੱਚ ਘੱਟ ਸਮੇਂ ਵਿੱਚ ਡਿਸਇਨਫੈਕਟਰ ਦਾ ਛਿੜਕਾਅ ਕੀਤਾ ਜਾ ਰਿਹਾ ਹੈ।

ਸ. ਨਾਗਰਾ ਨੇ ਕਿਹਾ ਕਿ ਮਿਸ਼ਨ ਫ਼ਤਿਹ ਤਹਿਤ ਕੋਰੋਨਾ ਤੋਂ ਬਚਾਅ ਲਈ ਸਾਫ਼ ਸਫ਼ਾਈ ਦਾ ਵੀ ਵਿਸ਼ੇਸ਼ ਧਿਆਨ ਰੱਖਿਆ ਜਾ ਰਿਹਾ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਸਰਕਾਰ ਪੂਰੀ ਮਿਹਨਤ ਨਾਲ ਕੋਰੋਨਾ ਤੋਂ ਬਚਾਅ ਸਬੰਧੀ ਕਾਰਜ ਕਰ ਰਹੀ ਹੈ ਪਰ ਕਿਸੇ ਵੀ ਮੁਹਿੰਮ ਦੀ ਕਾਮਯਾਬੀ ਲਈ ਲੋਕਾਂ ਦਾ ਸਹਿਯੋਗ ਲਾਜ਼ਮੀ ਹੈ। ਇਸ ਲਈ ਲੋਕ ਕੋਰੋਨਾ ਤੋਂ ਬਚਾਅ ਸਬੰਧੀ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਉਂਦਿਆਂ ਮਿਸ਼ਨ ਫ਼ਤਿਹ ਵਿੱਚ ਪੰਜਾਬ ਸਰਕਾਰ ਨੂੰ ਸਹਿਯੋਗ ਦੇਣ।